Tape/CD: 1347

# ਪੰਨਾ ੮੦੯

ਬਿਲਾਵਲੁ ਮਹਲਾ ੫ ॥ ਮਿਰਤੁ ਹਸੈ ਸਿਰ ਊਪਰੇ ਪਸੂਆ ਨਹੀ ਬੂਝੈ ॥ ਬਾਦ ਸਾਦ ਅਹੰਕਾਰ ਮਹਿ ਮਰਣਾ ਨਹੀ ਸੂਝੈ ॥ ੧ ॥ **ਸਤਿਗੁਰੁ ਸੇਵਹੁ ਆਪਨਾ ਕਾਹੇ ਫਿਰਹੁ ਅਭਾਗੇ ॥** ਦੇਖਿ ਕਸੁੰਭਾ ਰੰਗੁਲਾ ਕਾਹੇ ਭੂਲਿ ਲਾਗੇ ॥ ੧ ॥ ਰਹਾਉ ॥ ਕਰਿ ਕਰਿ ਪਾਪ ਦਰਬੁ ਕੀਆ ਵਰਤਣ ਕੈ ਤਾਈ ॥ ਮਾਟੀ ਸਿਉ ਮਾਟੀ ਰਲੀ ਨਾਗਾ ਉਠਿ ਜਾਈ ॥ ੨ ॥ **ਜਾ ਕੈ ਕੀਐ ਸ੍ਰਮੁ ਕਰੈ ਤੇ ਬੈਰ ਬਿਰੋਧੀ ॥** ਅੰਤ ਕਾਲਿ ਭਜਿ ਜਾਹਿਗੇ ਕਾਹੇ ਜਲਹੁ ਕਰੋਧੀ ॥ ੩ ॥ ਦਾਸ ਰੇਣੁ ਸੋਈ ਹੋਆ ਜਿਸੁ ਮਸਤਕਿ ਕਰਮਾ ॥ ਕਹੁ ਨਾਨਕ ਬੰਧਨ ਛੁਟੇ ਸਤਿਗੁਰ ਕੀ ਸਰਨਾ ॥ ੪ ॥ ੬ ॥ ੩੬ ॥

Tape/CD: 1347

# ਪੰਨਾ ੧੩੬

## ਮਾਝ ਮਹਲਾ ੫ ਦਿਨ ਰੈਣਿ

ਸੇਵੀ ਸਤਿਗੁਰੁ ਆਪਣਾ ਹਰਿ ਸਿਮਰੀ ਦਿਨ ਸਭਿ ਰੈਣ ॥ ਆਪੁ ਤਿਆਗਿ ਸਰਣੀ ਪਵਾਂ ਮੁਖਿ ਬੋਲੀ ਮਿਠੜੇ ਵੈਣ ॥ ਜਨਮ ਜਨਮ ਕਾ ਵਿਛੁੜਿਆ ਹਰਿ ਮੇਲਹੁ ਸਜਣੁ ਸੈਣ ॥ ਜੋ ਜੀਅ ਹਰਿ ਤੇ ਵਿਛੁੜੇ ਸੇ ਸੁਖਿ ਨ ਵਸਨਿ ਭੈਣ ॥ ਹਰਿ ਪਿਰ ਬਿਨੁ ਚੈਨੁ ਨ ਪਾਈਐ ਖੋਜਿ ਡਿਠੇ ਸਭਿ ਗੈਣ ॥ ਆਪ ਕਮਾਣੈ ਵਿਛੁੜੀ ਦੋਸੁ ਕਾਹੂ ਦੇਣ ॥ ਕਰਿ ਕਿਰਪਾ ਪ੍ਰਭ ਰਾਖਿ ਲੇਹੁ ਹੋਰੁ ਨਾਹੀ ਕਰਣ ਕਰੇਣ ॥ ਹਰਿ ਤੁਧੁ ਵਿਣੁ ਖਾਕੂ ਰੂਲਣਾ ਕਹੀਐ ਕਿਥੈ ਵੈਣ ॥ ਨਾਨਕ ਕੀ ਬੇਨੰਤੀਆ ਹਰਿ ਸੁਰਜਨੁ ਦੇਖਾ ਨੈਣ ॥ ੧ ॥